**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ.ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1197/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਲਜੀਤ ਸਿੰਘ,ਏ.ਐਸ.ਆਈ. (93578-91526)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਨਾਲ ਸ਼ਕਾਇਤ ਯੂ.ਆਈ.ਡੀ. 352944, ਮਿਤੀ 21-07-2013 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 10-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਲਜੀਤ ਸਿੰਘ,ਏ.ਐਸ.ਆਈ. ਨੇ ਪੱਤਰ ਨੰ:1197/ਆਰ.ਟੀ.ਆਈ., ਮਿਤੀ 20-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3884/ਆਰ.ਟੀ.ਆਈ., ਮਿਤੀ 07-12-2018 ਅਤੇ ਪੱਤਰ ਨੰ:333/ਐਫ.ਏ./ਆਰ.ਟੀ.ਆਈ., ਮਿਤੀ 09-01-2019 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ.ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1198/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈੱਡ ਕੰਸਟੇਬਲ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 22-12-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 12-10-2018 ਨੂੰ ਮੁਬਾਇਲ ਨੰ:7837018555 ਤੋਂ ਪੰਜਾਬ ਪੁਲਿਸ ਕੰਟਰੋਲ ਰੂਮ ਨੰ:7837018555 ਤੇ ਕੀਤੀਆਂ ਗਈਆਂ 05 ਫੋਨ ਕਾਲਾਂ ਅਤੇ ਸ਼ਿਕਾਇਤਾਂ ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:1198/ਆਰ.ਟੀ.ਆਈ., ਮਿਤੀ 24-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3883/ਆਰ.ਟੀ.ਆਈ., ਮਿਤੀ 12-11-2018 ਅਤੇ ਪੱਤਰ ਨੰ:334/ਐਫ.ਏ./ਆਰ.ਟੀ.ਆਈ., ਮਿਤੀ 17-11-2018 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਅਦਿੱਤੀ ਗਰਗ,
ਪੁੱਤਰੀ ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ (ਸਦਰ), ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1199/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. (98762-44427)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 10-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਦਰਸ਼ਨ ਸਿੰਘ, ਪੀ.ਪੀ., ਲਲਤੋਂ ਕਲਾਂ, ਪੁਲਿਸ ਸਟੇਸ਼ਨ (ਸਦਰ), ਲੁਧਿਆਣਾ ਵਿਰੁੱਧ ਦਰਜ ਕਰਵਾਈ ਗਈ ਐਫ.ਆਈ.ਆਰ. ਨੰ:0121, ਮਿਤੀ 04-05-2018 ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:85/5ਏ/ਪੀ.ਪੀ.ਐਲ.ਕੇ. ਮਿਤੀ 14-06-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਆਪਣੇ ਪੱਤਰ ਨੰ:153-ਡੀ /ਆਰ.ਟੀ.ਆਈ., ਮਿਤੀ 01-06-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਨੂੰ ਮਿਤੀ 05-11-2018 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 26 ਜੂਨ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। ---------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1200/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈੱਡ ਕੰਸਟੇਬਲ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕੋਰਟ ਆਰਡਰ ਦੀ ਉਲੰਘਣਾ ਕਰਕੇ ਲਗਾਤਾਰ ਸ਼ੋਰ ਪ੍ਰਦੂਸ਼ਣ ਕਰਕੇ ਪ੍ਰੇਸ਼ਾਨ ਕਰਨ ਬਾਰੇ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਸੰਬੋਧਿਤ ਕੀਤੀ ਗਈ, ਏ.ਐਸ.ਆਈ.-ਰਵਿੰਦਰ ਸਿੰਘ, ਪੀ.ਪੀ. ., ਲਲਤੋਂ ਕਲਾਂ, ਪੁਲਿਸ ਸਟੇਸ਼ਨ (ਸਦਰ), ਲੁਧਿਆਣਾ ਨੂੰ ਮਿਤੀ 13-06-2018 ਨੂੰ ਦਸਤੀ ਦਿੱਤੀ ਗਈ ਸ਼ਿਕਾਇਤ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:1800 /ਆਰ.ਟੀ.ਆਈ., ਮਿਤੀ 24-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3163 /ਆਰ.ਟੀ.ਆਈ., ਮਿਤੀ 01-10-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1201/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈਡ ਕੰਸਟੇਬਲ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮਿਤੀ 13-06-2018 ਨੂੰ ਈ.ਮੇਲ ਰਾਹੀਂ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:157-ਡੀ /ਆਰ.ਟੀ.ਆਈ., ਮਿਤੀ 01-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3169/ਆਰ.ਟੀ.ਆਈ., ਮਿਤੀ 11-10-2018 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਪਹਿਲੀ ਅਪੀਲ ਪ੍ਰਾਪਤ ਹੋਣ ਤੇ ਪੱਤਰ ਨੰ:305-ਐਫ.ਏ./ਆਰ.ਟੀ.ਆਈ., ਮਿਤੀ 10-11-2018 ਸ਼ਿਕਾਇਤ ਪੜਤਾਲ ਅਧੀਨ ਹੋਣ ਬਾਰੇ ਵੀ ਸੂਚਿਤ ਕਰ ਦਿੱਤਾ ਗਿਆ ਸੀ ਅਤੇ ਹੁਣ ਇਹ ਸ਼ਿਕਾਇਤ ਵੀ "ਸੀਨ ਐਂਡ ਫਾਇਲ" (Seen & File) ਹੋ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਅਦਿੱਤੀ ਗਰਗ ਪੁੱਤਰੀ
ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1202/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈੱਡ ਕੰਸਟੇਬਲ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮਿਤੀ 06-05-2018 ਨੂੰ ਈ.ਮੇਲ ਰਾਹੀਂ ਏ.ਐਸ.ਆਈ. ਅਸ਼ਵਨੀ ਕੁਮਾਰ, ਇੰਚਾਰਜ, ਪੀ.ਪੀ. ਲਲਤੋਂ ਕਲਾਂ, ਪੁਲਿਸ ਸਟੇਸ਼ਨ (ਸਦਰ) ਲੁਧਿਆਣਾ ਵਿਰੁੱਧ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:1202/ਆਰ.ਟੀ.ਆਈ., ਮਿਤੀ 24-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਪੱਤਰ ਨੰ:3161/ਆਰ.ਟੀ.ਆਈ., ਮਿਤੀ 11-10-2018 ਅਤੇ ਪੱਤਰ ਨੰ:304-ਐਫ.ਏ./ਆਰ.ਟੀ.ਆਈ., ਮਿਤੀ 10-11-2018 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਗਰਗ,
ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ,
ਡਿਵੀਜ਼ਨ ਨੰ:5, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1203/2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈੱਡ ਕੰਸਟੇਬਲ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 20-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਐਸ.ਐਚ.ਓ. ਪੁਲਿਸ ਸਟੇਸ਼ਨ, ਡਿਵੀਜ਼ਨ ਨੰ:5, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਮਾਤਾ ਸ਼੍ਰੀਮਤੀ ਸ਼ਿਮਲਾ ਗਰਗ ਵੱਲੋਂ ਅਪੀਲਕਰਤਾ ਵਿਰੁੱਧ ਮਿਤੀ 19-08-2018 ਨੂੰ ਟੈਲੀਫੋਨ ਰਾਹੀਂ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:174-ਡੀ/ਆਰ.ਟੀ.ਆਈ., ਮਿਤੀ 08-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਮਿਤੀ 15-02-2019 ਨੂੰ ਰਜਿਸਟਰਡ ਡਾਕ ਰਾਹੀਂ ਅਤੇ ਫਿਰ ਪੱਤਰ ਨੰ:66/5-ਏ,ਮਿਤੀ 25-06-2019 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1204/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈੱਡ ਕੰਸਟੇਬਲ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮਿਤੀ 20-05-2018 ਨੂੰ ਈ.ਮੇਲ ਰਾਹੀਂ ਸਰਦੂਲ ਸਿੰਘ, ਵਗੈਰਾ ਵਿਰੁੱਧ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 10 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:161-ਡੀ /ਆਰ.ਟੀ.ਆਈ., ਮਿਤੀ 01-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:2747/ਆਰ.ਟੀ.ਆਈ., ਮਿਤੀ 01-09-2018 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਪਹਿਲੀ ਅਪੀਲ ਪ੍ਰਾਪਤ ਹੋਣ ਤੇ ਪੱਤਰ ਨੰ:263-ਏ/ਐਫ.ਏ./ਆਰ.ਟੀ.ਆਈ., ਮਿਤੀ 13-09-2018 ਰਾਹੀਂ ਸ਼ਿਕਾਇਤ ਪੜਤਾਲ ਅਧੀਨ ਹੋਣ ਬਾਰੇ ਵੀ ਸੂਚਿਤ ਕਰ ਦਿੱਤਾ ਗਿਆ ਸੀ ਅਤੇ ਹੁਣ ਇਹ ਸ਼ਿਕਾਇਤ ਵੀ ਮਿਤੀ 26-05-2018 ਨੂੰ "ਸੀਨ ਐਂਡ ਫਾਇਲ" (Seen & File) ਹੋ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਰੁਨ ਗਰਗ ਪੁੱਤਰ ਸ਼੍ਰੀ ਸ਼ਾਮ ਲਾਲ,
ਮਕਾਨ ਨੰ: 40-41, ਸੈਂਟਰਲ ਟਾਊਨ,
ਪਿੰਡ ਦਾਦ, ਡਾਕਖਾਨਾ ਲਲਤੋਂ ਕਲਾਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਕਮਿਸ਼ਨਰ ਆਫ ਪੁਲਿਸ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 1205/2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. (78887-41866) ਅਤੇ ਸ਼੍ਰੀ ਤਰਸੇਮ ਸਿੰਘ, ਹੈਡ ਕੰਸਟੇਬਲ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 31-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮਿਤੀ 30-04-2018 ਨੂੰ ਈ.ਮੇਲ ਰਾਹੀਂ ਵਾਤਾਵਰਣ ਇੰਜੀਨੀਅਰ, ਵਗੈਰਾ ਵਿਰੁੱਧ ਭੇਜੀ ਗਈ ਫੌਜਦਾਰੀ ਸ਼ਿਕਾਇਤ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 29-03-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 21-05-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਭੇਜੀ ਗਈ ਈ.ਮੇਲ, ਮਿਤੀ 24-06-2019 ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਕਰਕੇ ਉਸ ਵੱਲੋਂ ਇਸ ਮਾਮਲੇ ਵਿੱਚ ਲੋੜੀਂਦੀ ਕਾਰਵਾਈ ਕਰਨ ਅਤੇ ਅਗਲੀ ਪੇਸ਼ੀ ਤੇ ਵੀਡਿਓ ਕਾਨਫਰੰਸ ਰਾਹੀਂ ਸੁਣਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ:159-ਡੀ /ਆਰ.ਟੀ.ਆਈ., ਮਿਤੀ 01-06-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:2748/ਆਰ.ਟੀ.ਆਈ., ਮਿਤੀ 01-09-2018 ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਪਹਿਲੀ ਅਪੀਲ ਪ੍ਰਾਪਤ ਹੋਣ ਤੇ ਪੱਤਰ ਨੰ:263-ਏ/ਐਫ.ਏ./ਆਰ.ਟੀ.ਆਈ., ਮਿਤੀ 13-09-2018 ਰਾਹੀਂ ਸ਼ਿਕਾਇਤ ਪੜਤਾਲ ਅਧੀਨ ਹੋਣ ਬਾਰੇ ਵੀ ਸੂਚਿਤ ਕਰ ਦਿੱਤਾ ਗਿਆ ਸੀ ਅਤੇ ਹੁਣ ਇਹ ਸ਼ਿਕਾਇਤ ਵੀ ਮਿਤੀ 03-05-2018 ਨੂੰ "ਸੀਨ ਐਂਡ ਫਾਇਲ" (Seen & File) ਹੋ ਚੁੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਤਾਰ ਸਿੰਘ, (98152-89033)
ਪੁੱਤਰ ਸ਼੍ਰੀ ਸੰਪੂਰਨ ਸਿੰਘ,
ਪਿੰਡ ਨਰੋਵਾ, ਡਾਕਖਾਨਾ ਭਗੜਾਣਾ,
ਬਲਾਕ ਖੇੜਾ, ਤਹਿ ਬੱਸੀ ਪਠਾਣਾਂ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਬਲਾਕ ਖੇੜਾ, ਤਹਿਸੀਲ ਬੱਸੀ ਪਠਾਣਾਂ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:82/2019**

**ਹਾਜ਼ਰ:-**

1) ਸ਼੍ਰੀ ਜਗਤਾਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਸ਼ਵਨੀ ਛਾਬੜਾ, ਈ.ਟੀ.ਟੀ. ਟੀਚਰ (98765-80895) ਇੰਨਚਾਰਜ, ਸਰਕਾਰੀ ਪ੍ਰਾਇ੍ਮਰੀ ਸਕੂਲ, ਗੜੋਲੀਆਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 18-07-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਬਲਾਕ ਖੇੜਾ, ਤਹਿਸੀਲ ਬੱਸੀ ਪਠਾਣਾਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਗੰਡੋਲੀਆ ਦੀ ਗਰਾਮ ਪੰਚਾਇਤ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਵਿੱਚ ਰੱਖੀ ਗਈ ਟੀਚਰ ਅਤੇ ਸਫਾਈ ਸੇਵਕ ਦੀ ਹਾਜ਼ਰੀ ਅਤੇ ਤਨਖਾਹ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 17-01-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 14-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 14-05-2019 ਤੇ ਸ਼ਿਕਾਇਤਕਰਤਾ ਨੇ ਅੱਜ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਲੇਖਾਕਾਰ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਮਿਤੀ 21-08-2018 ਅਤੇ 15-11-2018 ਨੂੰ ਦੋ ਵਾਰ ਰਜਿਸਟਰਡ ਡਾਕ ਰਾਹੀਂ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:ਸਸਅ/2019/125, ਮਿਤੀ 05-03-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਹੋਇਆ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਇਹ ਸੂਚਨਾ ਉਨ੍ਹਾਂ ਵੱਲੋਂ ਸ਼੍ਰੀ ਅਸ਼ਵਨੀ ਛਾਬੜਾ, ਈ.ਟੀ.ਟੀ. ਟੀਚਰ, ਇੰਨਚਾਰਜ, ਸਰਕਾਰੀ ਪ੍ਰਾਇ੍ਮਰੀ ਸਕੂਲ, ਗੜੋਲੀਆਂ ਤੋਂ ਪ੍ਰਾਪਤ ਹੋਈ ਰਿਪੋਰਟ ਦੇ ਅਧਾਰ ਤੇ ਸ਼ਿਕਾਇਤਕਰਤਾ ਨੂੰ ਆਪਣੇ ਪੱਤਰ ਨੰ:ਸਸਅ/12018/89, ਮਿਤੀ 15-11-2018 ਰਾਹੀਂ ਸੂਚਨਾ ਭੇਜੀ ਗਈ ਸੀ। ਇਸ ਪੱਤਰ ਦੀ ਕਾਪੀ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤੀ ਗਈ ਸ਼ਿਕਾਇਤ ਦੇ ਨਾਲ ਵੀ ਭੇਜੀ ਗਈ ਸੀ।ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਤੋਂ ਇਲਾਵਾ ਸ਼੍ਰੀ ਅਸ਼ਵਨੀ ਛਾਬੜਾ, ਈ.ਟੀ.ਟੀ. ਟੀਚਰ, ਇੰਚਾਰਜ, ਸਰਕਾਰੀ ਪ੍ਰਾਇ੍ਮਰੀ ਸਕੂਲ, ਗੜੋਲੀਆਂ ਨੂੰ ਹਦਾਇਤ ਕੀਤੀ ਗਈ ਸੀ ਕਿ ਉਸ ਵੱਲੋਂ ਮਿਤੀ 15-11-2018 ਨੂੰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਫ਼ਤਰ ਬੱਸੀ ਪਠਾਣਾਂ ਨੂੰ ਭੇਜੀ ਗਈ ਰਿਪੋਰਟ ਸਬੰਧੀ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਸਥਿਤੀ ਸਪੱਸ਼ਟ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਸ਼ਵਨੀ ਛਾਬੜਾ, ਈ.ਟੀ.ਟੀ. ਟੀਚਰ, ਇੰਨਚਾਰਜ, ਸਰਕਾਰੀ ਪ੍ਰਾਇ੍ਮਰੀ ਸਕੂਲ, ਗੜੋਲੀਆਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਦੀ

ਪਰਤੋ ਜੀ----ਚਲਦਾ/ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:82/2019

ਆਰ.ਟੀ.ਆਈ. ਅਰਜ਼ੀ ਸਪੱਸ਼ਟ ਨਹੀਂ ਹੈ ਕਿਉਂਕਿ ਸ਼ਿਕਾਇਤਕਰਤਾ ਵੱਲੋਂ ਆਪਣੀ ਅਰਜ਼ੀ ਵਿੱਚ ਕਿਸੇ ਦਾ ਨਾਮ ਦਾ ਜ਼ਿਕਰ ਨਹੀਂ ਕੀਤਾ ਗਿਆ ਕਿ ਉਸ ਨੂੰ ਕਿਸ ਬਾਬਤ ਸੂਚਨਾ ਲੋੜੀਂਦੀ ਹੈ। ਇਸ ਦੇ ਬਾਵਜੂਦ ਵੀ ਉਨ੍ਹਾਂ ਕੋਲ ਉਪਲਬਧ ਸੂਚਨਾ ਪਹਿਲਾਂ ਹੀ ਸ਼ਿਕਾਇਤਕਰਤਾ ਨੂੰ ਦਿੱਤੀ ਜਾ ਚੁੱਕੀ ਹੈ।

4. ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਨੂੰ ਕਮਿਸ਼ਨ ਵੱਲੋਂ ਵਾਚਣ ਤੇ ਇਹ ਸਹੀ ਪਾਇਆ ਗਿਆ ਹੈ ਕਿ ਉਸ ਦੀ ਆਰ.ਟੀ.ਆਈ. ਅਰਜ਼ੀ ਸਪੱਸ਼ਟ ਨਹੀਂ ਹੈ ਅਤੇ ਇਸ ਤੱਥ ਨੂੰ ਸ਼ਿਕਾਇਤਕਰਤਾ ਨੇ ਵੀ ਸਹੀ ਮੰਨਿਆ ਹੈ। ਇਸ ਲਈ ਸ਼ਿਕਾਇਤਕਰਤਾ ਦੀ ਅਰਜ਼ੀ ਤੇ ਹੋਰ ਵਿਚਾਰ ਕਰਨ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਕਾਪੀ:-

ਸ਼੍ਰੀ ਅਸ਼ਵਨੀ ਛਾਬੜਾ, ਈ.ਟੀ.ਟੀ. ਟੀਚਰ,
ਇੰਨਚਾਰਜ, ਸਰਕਾਰੀ ਪ੍ਰਾਇਮਰੀ ਸਕੂਲ, ਗੜੋਲੀਆਂ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਾਸਨ ਸਿੰਘ ਗੋਰਾਇਆ,
ਪੁੱਤਰ ਸ਼੍ਰੀ ਅਜੀਤ ਸਿੰਘ,
ਵਾਸੀ ਮਕਾਨ ਨੰ:120-ਡੀ,
ਸੈਕਟਰ-79, ਏਅਰਪੋਰਟ ਰੋਡ, ਮੁਹਾਲੀ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ,
ਚੰਡੀਗੜ੍ਹ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ: 144/2019**

**ਹਾਜ਼ਰ:-**

1) ਸ਼੍ਰੀ ਵਾਸਨ ਸਿੰਘ ਗੋਰਾਇਆ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 14-05-2019 ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ ਹੈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਸ਼ਿਕਾਇਤਕਰਤਾ ਨੇ ਪੇਸ਼ੀ ਤੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਸੂਚਨਾ ਪ੍ਰਾਪਤ ਨਹੀਂ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 16-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 26 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਕੁਮਾਰ,
ਪੁੱਤਰ ਸ਼੍ਰੀ ਕ੍ਰਿਸ਼ਨ ਕੁਮਾਰ,
ਵਾਸੀ ਬੀ-4/147,
ਤੱਕੀ ਮੁੱਹਲਾ, ਕਮੇਟੀ ਬਜ਼ਾਰ,
ਹੁਸ਼ਿਆਰਪੁਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਫਿਲੌਰ,
ਜ਼ਿਲ੍ਹਾ ਜੰਲਧਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ:112/2019**

**ਹਾਜ਼ਰ:-**

1) ਸ਼੍ਰੀ ਯੋਗੇਸ਼ ਕੁਮਾਰ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰੋਮਿਲਾ ਦੇਵੀ, ਕਲਰਕ (88722-00572)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 15-10-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਫਿਲੌਰ, ਜ਼ਿਲ੍ਹਾ ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਵੀਂ ਕਲਾਸ ਦੇ ਸਰਟੀਫਿਕੇਟ ਵਿੱਚ ਜਨਮ ਮਿਤੀ ਦੀ ਸੋਧ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 25-01-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-04-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 14-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਦੱਸਿਆ ਕਿ ਕਮਿਸ਼ਨ ਦੇ ਹੁਕਮ, ਮਿਤੀ 14-05-2019 ਅਨੁਸਾਰ ਸ਼੍ਰੀਮਤੀ ਨਰਿੰਦਰ ਕੌਰ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,ਫਿਲੌਰ (ਜਲੰਧਰ) ਵੱਲੋਂ ਮੁਆਵਜ਼ੇ ਵਜੋ ਆਪਣੇ ਨਿੱਜੀ ਖਾਤੇ ਵਿੱਚੋਂ ਜਾਰੀ ਕੀਤਾ ਗਿਆ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਪ੍ਰਾਪਤ ਹੋ ਗਿਆ ਹੈ ਪਰੰਤੂ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪ੍ਰੋਮਿਲਾ ਦੇਵੀ, ਕਲਰਕ ਨੇ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਤਸੱਲੀ ਪ੍ਰਗਟਾਈ ਹੈ।

3. ਸ਼੍ਰੀਮਤੀ ਨਰਿੰਦਰ ਕੌਰ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਫਿਲੌਰ (ਜਲੰਧਰ) ਵੱਲੋਂ ਮੁਆਵਜ਼ੇ ਵਜੋ ਆਪਣੇ ਨਿੱਜੀ ਖਾਤੇ ਵਿੱਚੋਂ ਸ਼ਿਕਾਇਤਕਰਤਾ ਨੂੰ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਅਦਾਇਗੀ ਕੀਤੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼੍ਰੀਮਤੀ ਨਰਿੰਦਰ ਕੌਰ, ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਫਿਲੌਰ (ਜਲੰਧਰ) ਨੂੰ ਮਹਿਕਮੇ ਦੇ ਫ਼ੰਡ ਵਿੱਚੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਅਦਾਇਗੀ ਬੈਂਕ ਡਰਾਫਟ ਰਾਹੀਂ ਕੀਤੀ ਜਾਵੇ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 26 ਜੂਨ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰਮਨਪ੍ਰੀਤ ਸਿੰਘ, (99152-52877)
ਪੁੱਤਰ ਸ਼੍ਰੀ ਅਵਤਾਰ ਸਿੰਘ,
ਪਿੰਡ ਤੇ ਡਾਕਖਾਨਾ ਹੁਸ਼ਿਆਰਪੁਰ,
ਤਹਿਸੀਲ ਖਰੜ, ਜ਼ਿਲ੍ਹਾ ਮੁਹਾਲੀ। -------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ,
ਪੰਜਾਬ ਪੁਲਿਸ, ਹੈੱਡ ਕੁਆਟਰ,ਸੈਕਟਰ 9, ਚੰਡੀਗੜ੍ਹ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 437/2019**

**ਹਾਜ਼ਰ:-**

1) ਸ਼ਿਕਾਇਤਕਰਤਾ ਸਮੇਤ ਸ਼੍ਰੀ ਵਿਸ਼ਾਲ ਸਤੀਜਾ ਐਡਵੋਕੇਟ।
2) ਉੱਤਰਦਾਤਾ ਵੱਲੋਂ ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ (94171-31510)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ, ਪੰਜਾਬ ਪੁਲਿਸ, ਹੈੱਡ ਕੁਆਟਰ,ਸੈਕਟਰ 9, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2016 ਵਿੱਚ ਪੰਜਾਬ ਪੁਲਿਸ ਵਿੱਚ ਕੰਸਟੇਬਲਾਂ ਦੀ ਭਰਤੀ ਲਈ ਦਿੱਤੇ ਗਏ ਇਸ਼ਤਿਹਾਰ, ਮਿਤੀ 31-05-2019 ਨਾਲ ਸਬੰਧਤ ਸ਼੍ਰੀ ਮਨਜਿੰਦਰ ਸਿੰਘ ਪੁੱਤਰ ਸ਼੍ਰੀ ਜ਼ਸਪਾਲ ਸਿੰਘ ਬਾਰੇ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 22-05-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 12-06-2019 ਤੇ ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1657-1658/ਆਰ.ਟੀ.ਆਈ.-2, ਮਿਤੀ 12-06-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਸੀ, ਪੇਸ਼ ਕਰਦੇ ਹੋਏ ਕਿਹਾ ਸੀ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਦਿੱਤੀ ਜਾ ਚੁੱਕੀ ਹੈ।ਹਾਜ਼ਰ ਉੱਤਰਦਾਤਾਤ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਸ਼੍ਰੀ ਵਿਸ਼ਾਲ ਸਤੀਜਾ ਐਡਵੋਕੇਟ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ 2 ਨੁਕਤਿਆਂ ਬਾਰੇ ਸੂਚਨਾ ਪਹਿਲਾਂ ਹੀ ਪੱਤਰ, ਮਿਤੀ 03-05-2019 ਰਾਹੀਂ ਸ਼ਿਕਾਇਤਕਰਤਾ ਨੂੰ ਦਿੱਤੀ ਜਾ ਚੁੱਕੀ ਸੀ ਪਰੰਤੂ 3 ਨੁਕਤਿਆਂ (ਨੁਕਤਾ ਨੰ: ਸੀ, ਡੀ ਅਤੇ ਈ) ਬਾਰੇ ਸੂਚਨਾ ਦੇਣ ਤੋਂ ਇੰਨਕਾਰ ਕੀਤਾ ਜਾ ਰਿਹਾ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਮਾਮਲੇ ਤੇ ਦੁਬਾਰਾ ਵਿਚਾਰ ਕਰਕੇ ਸ਼ਿਕਾਇਕਰਤਾ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਵਿਸ਼ਾਲ ਸਤੀਜਾ ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਪ੍ਰਸ਼ੋਤਮ ਕੁਮਾਰ, ਹੈੱਡ ਕੰਸਟੇਬਲ ਨੇ ਪੱਤਰ ਨੰ:1787/ਆਰ.ਟੀ.ਆਈ.-2, ਮਿਤੀ 24-06-2019 ਰਾਹੀਂ ਆਪਣਾ ਜਵਾਬ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 12-06-2019 ਦੇ ਸਬੰਧ ਵਿੱਚ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ-ਪੱਤਰ ਮਿਤੀ 10-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ, ਪੰਜਾਬ ਪੁਲਿਸ, ਹੈੱਡ ਕੁਆਟਰ,ਸੈਕਟਰ 9, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸਾਲ 2016 ਵਿੱਚ ਪੰਜਾਬ ਪੁਲਿਸ ਵਿੱਚ ਕੰਸਟੇਬਲਾਂ ਦੀ ਭਰਤੀ ਲਈ ਦਿੱਤੇ ਗਏ ਇਸ਼ਤਿਹਾਰ ਨਾਲ ਸਬੰਧਤ ਸ਼੍ਰੀ ਮਨਜਿੰਦਰ ਸਿੰਘ ਪੁੱਤਰ ਸ਼੍ਰੀ ਜ਼ਸਪਾਲ ਸਿੰਘ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਨ੍ਹਾਂ ਦੇ ਵਿਭਾਗ ਦੇ ਪੱਤਰ, ਮਿਤੀ 03-05-2019 ਰਾਹੀਂ ਸ਼ਿਕਾਇਤਕਰਤਾ ਰਾਹੀਂ ਪ੍ਰਾਰਥੀ ਨੂੰ ਪਹਿਲਾਂ ਹੀ ਜਵਾਬ ਭੇਜ ਦਿੱਤਾ ਗਿਆ ਸੀ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਪਰੰਤੂ ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਦੀ ਪਾਲਣਾ ਨਾ ਕਰਦੇ ਹੋਏ ਸਿੱਧੇ ਹੀ ਕਮਿਸ਼ਨ ਨੂੰ ਪਹੁੰਚ ਕੀਤੀ ਹੈ। ਸ਼ਿਕਾਇਤ ਕੇਸ ਵਿੱਚ ਕੋਈ ਸੂਚਨਾ ਦੇਣੀ ਨਹੀਂ ਬਣਦੀ। ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਕੇਸ ਨੂੰ ਸ਼ਿਕਾਇਤ ਕੇਸ ਦੇ ਤੌਰ ਤੇ ਮੰਨਦੇ ਹੋਏ ਦਾਖਲ ਦਫ਼ਤਰ ਕਰਨ ਦੀ ਕਿਰਪਾਲਤਾ ਕੀਤੀ ਜਾਵੇ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਗਹੁ ਨਾਲ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 10-04-2019, ਦਾ ਜਵਾਬ ਨਿਰਧਾਰਿਤ ਸਮੇਂ ਅੰਦਰ, ਭਾਵ ਮਿਤੀ 03-05-2019 ਨੂੰ ਸ਼ਿਕਾਇਤਕਰਤਾ ਨੂੰ ਜਵਾਬ ਭੇਜ ਦਿੱਤਾ ਗਿਆ ਸੀ। ਇਸ ਤਰ੍ਹਾਂ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਕੋਲ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਪਰੰਤੂ ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਦੀ ਪਾਲਣਾ ਨਾ ਕਰਦੇ ਹੋਏ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨ ਤੋਂ ਬਿਨ੍ਹਾਂ ਸਿੱਧੇ ਹੀ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਹੈ ਜੋ ਕਿ ਵਾਜਿਬ ਨਹੀਂ ਹੈ। ਕਮਿਸ਼ਨ ਉੱਤਰਦਾਤਾ ਦੇ ਉੱਤਰ ਨਾਲ ਪੂਰੀ ਤਰ੍ਹਾਂ ਸਹਿਮਤ ਹੈ ਜਿਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 26 ਜੂਨ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ